# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਨਗਰ ਨਿਗਮ ਦੀ ਤਹਿਬਜਾਰੀ ਟੀਮ ਵੱਲੋਂ ਪੁਲਿਸ ਦੀ ਸਹਾਇਤਾ ਨਾਲ ਨਜਾਇਜ ਕਬਜੇ ਹਟਾਏ.....ਕਾਰਜ ਸਾਧਕ ਅਫਸਰ

ਹੁਸ਼ਿਆਰਪੁਰ 29 ਮਾਰਚ– ਨਗਰ ਨਿਗਮ ਦੇ ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇੰਸਪੈਕਟਰ ਸੰਜੀਵ ਅਰੋੜਾ ਦੀ ਅਗਵਾਈ ਵਿਚ ਭੇਜੀ ਗਈ ਤਹਿਬਜਾਰੀ ਟੀਮ ਵਲੋਂ ਪੁਲਿਸ ਵਿਭਾਗ ਦੇ ਕਰਮਚਾਰੀਆਂ ਦੀ ਸਹਾਇਤਾ ਨਾਲ ਸ਼ਹਿਰ ਦੇ ਵੱਖ ਵੱਖ ਬਜਾਰਾਂ ਬਸੀ ਖਵਾਜੂ, ਬੱਸ ਸਟੈਂਡ, ਘੰਟਾਂ ਘਰ, ਕਸ਼ਮੀਰੀ ਬਾਜ਼ਾਰ, ਬਹਾਦੁਰਪੁਰ, ਫਗਵਾੜਾ ਰੋਡ ਵਿਖੇ ਦੁਕਾਨਦਾਰਾਂ ਵਲੋਂ ਸੜਕਾਂ ਤੇ ਰੱਖੇ ਗਏ ਸਮਾਨ ਨੂੰ ਕਬਜੇ ਵਿਚ ਲਿਆ ਅਤੇ ਦੁਕਾਨਦਾਰਾਂ, ਫੜੀ ਅਤੇ ਰੇਹੜੀ ਵਾਲਿਆਂ ਨੂੰ ਆਪਣਾ ਸਮਾਨ ਨਗਰ ਨਿਗਮ ਦੀ ਜਗਾ ਤੇ ਨਾ ਰੱਖਣ ਸਬੰਧੀ ਸਖਤ ਹਦਾਇਤ ਕੀਤੀ।

ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਨੇ ਦੱਸਿਆ ਕਿ ਸ਼ਹਿਰ ਵਿਚ ਹੋ ਰਹੀ ਟਰੈਫਿਕ ਦੀ ਸਮੱਸਿਆ ਨੂੰ ਘਟਾਉਣ ਲਈ ਦੁਕਾਨਦਾਰਾਂ ਵਲੋਂ ਕੀਤੇ ਗਏ ਨਜਾਇਜ ਕਬਜਿਆਂ ਨੂੰ ਹਟਾਉਣ ਦੀ ਮੁਹਿੰਮ ਨੂੰ ਜਾਰੀ ਰੱਖਦੇ ਹੋਏ ਪੁਲਿਸ ਵਿਭਾਗ ਦੇ ਕਰਮਚਾਰੀਆਂ ਦੀ ਸਹਾਇਤਾ ਲਈ ਜਾ ਰਹੀ ਹੈ ਅਤੇ ਦੁਕਾਨਦਾਰਾਂ ਵਲੋ ਨਗਰ ਨਿਗਮ ਦੀ ਜਗ੍ਹਾ ਤੇ ਰੱਖ ਗਏ ਸਮਾਨ ਕਬਜ਼ੇ ਵਿੱਚ ਲਿਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਦੁਕਾਨਦਾਰ ਆਪਣਾ ਸਮਾਨ ਦੁਕਾਨਾਂ ਦੇ ਅੰਦਰ ਹੀ ਰੱਖਣ ਕਿਉਂਕਿ ਇਸ ਨਾਲ ਸੜਕਾਂ ਤੇ ਆਉਣ ਜਾਣ ਵਾਲੇ ਲੋਕਾਂ ਨੂੰ ਦਿੱਕਤ ਪੇਸ਼ ਆਉਂਦੀ ਹੈ ਅਤੇ ਸੜਕੀ ਆਵਜਾਈ ਵਿਚ ਰੁਕਾਵਟ ਪੈਂਦੀ ਹੈ। ਉਹਨਾਂ ਦੱਸਿਆ ਕਿ ਨਗਰ ਨਿਗਮ ਦੀ ਜਗ੍ਹਾਂ ਤੇ ਨਜਾਇਜ਼ ਤੌਰ ਤੇ ਕਬਜਾ ਕਰਨ ਵਾਲੇ ਦੁਕਾਨਦਾਰਾਂ ਦੇ ਚਲਾਨ ਕੱਟ ਕੇ ਭਾਰੀ ਜੁਰਮਾਨੇ ਕੀਤੇ ਜਾਣਗੇ।ਤਹਿਬਜਾਰੀ ਟੀਮ ਵਿੱਜ ਇੰਸਪੈਕਟਰ ਸੰਜੀਵ ਕੁਮਾਰ ਅਰੋੜਾ, ਸੁਰਜੀਤ ਬਹਿਲ, ਅਮਿਤ ਕੁਮਾਰ, ਕੁਲਵਿੰਦਰ, ਮੁਕੇਸ਼, ਸੁਮਿਤ ਕੁਮਾਰ, ਗਨੇਸ਼ ਏ.ਐਸ.ਆਈ ਅਜੇ ਪਾਲ ਸਿੰਘ, ਹਵਲਦਾਰ ਪ੍ਰਦੀਪ ਕੁਮਾਰ ਅਤੇ ਕਾਂਸਟੇਬਲ ਗੁਰਮੀਤ ਸਿੰਘ ਵੀ ਸ਼ਾਮਿਲ ਸਨ।